**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ**
**ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)**
**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),
ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.),
ਸਮੂਹ ਸਕੂਲ ਮੁੱਖੀ (ਵੈੱਬਸਾਈਟ ਰਾਹੀਂ),
ਪੰਜਾਬ ।

ਮੀਮੋ ਨੰ: ਸਸਅ/ਐਮ.ਸੀ/2012/ 88735-37
ਮਿਤੀ,ਚੰਡੀਗੜ੍ਹ 19-11-2012

**ਵਿਸ਼ਾ:-** **ਨੌਵੀਂ ਤੋਂ ਬਾਰ੍ਹਵੀਂ ਜਮਾਤਾਂ ਦੀ ਸਲਾਨਾ ਪ੍ਰੀਖਿਆ ਲਈ ਵਿਸ਼ਾਵਾਰ ਪ੍ਰਸ਼ਨ ਪੱਤਰਾਂ ਦੀ ਬਣਤਰ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ, ਅਜੀਤਗੜ੍ਹ ਵੱਲੋਂ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਲਾਨਾ ਪ੍ਰੀਖਿਆ ਪ੍ਰਣਾਲੀ ਸ਼ੁਰੂ ਕੀਤੀ ਗਈ ਹੈ। ਜਿਸ ਦੇ ਚਲਦੇ ਹੋਇਆ ਨੌਵੀਂ ਤੇ ਦਸਵੀਂ ਜਮਾਤਾਂ ਦੇ ਸਾਰੇ ਵਿਸ਼ਿਆਂ ਲਈ ਪ੍ਰੀਖਿਆ ਵਿੱਚ ਆਉਣ ਵਾਲੇ ਪ੍ਰਸ਼ਨ ਪੱਤਰ ਦੀ ਬਣਤਰ ਅਤੇ ਅੰਕ ਸਕੀਮ ਵਿੱਚ ਤਬਦੀਲੀ ਆਈ ਹੈ ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ, ਅਜੀਤਗੜ੍ਹ ਦੀ ਵੈੱਬਸਾਈਟ www.pseb.ac.in ਤੇ ਉਪਲੱਬਧ ਹੈ।

3.0 ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵਿਸ਼ਾ ਅਧਿਆਪਕਾਂ ਨੂੰ ਆਪਣੇ ਵਿਸ਼ੇ ਸਬੰਧੀ ਅਤੇ ਉਹਨਾਂ ਦੁਆਰਾ ਪੜ੍ਹਾਈਆਂ ਜਾ ਰਹੀਆਂ ਜਮਾਤਾਂ ਨੂੰ ਦੇਖਦੇ ਹੋਏ ਵਿਦਿਆਰਥੀਆਂ ਨੂੰ ਵਿਸ਼ਾਵਾਰ ਸਲਾਨਾ ਪ੍ਰੀਖਿਆ ਵਿੱਚ ਆਉਣ ਵਾਲੇ ਪ੍ਰਸ਼ਨ ਪੱਤਰਾਂ ਦੀ ਬਣਤਰ ਅਤੇ ਅੰਕ ਸਕੀਮ ਨੂੰ ਉਕਤ ਲਿੰਕ ਤੋਂ ਡਾਊਨਲੋਡ ਕਰਕੇ ਜਾਣੂ ਕਰਵਾਇਆ ਜਾਵੇ ਤਾਂ ਜੋ ਵਿਦਿਆਰਥੀ ਮਾਰਚ 2013 ਵਿੱਚ ਆਉਣ ਵਾਲੀ ਸਲਾਨਾ ਪ੍ਰੀਖਿਆ ਪ੍ਰਤੀ ਆਪਣੀ ਤਿਆਰੀ ਦੀ ਚੰਗੀ ਯੋਜਨਾਬੰਦੀ ਕਰ ਸਕਣ।

3.0 ਉਪਰੋਕਤ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

**ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ,**
**ਪੰਜਾਬ, ਚੰਡੀਗੜ੍ਹ**

**ਪਿੱਠ ਅੰਕਣ ਨੰ:ਸਸਅ/ਐਮ.ਸੀ/2012/** 88738 ਮਿਤੀ: 19-11-2012

**ਉਤਾਰਾ :** ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਸਮੂਹ ਡੀ.ਆਰ.ਪੀ. (ਸਾਇੰਸ, ਗਣਿਤ, ਸਮਾਜਿਕ ਸਿੱਖਿਆ, ਅੰਗ੍ਰੇਜ਼ੀ)

**ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ,**
**ਪੰਜਾਬ, ਚੰਡੀਗੜ੍ਹ**